# ਪੰਜਾਬ ਵਿਧਾਨ ਸਭਾ ਸਕੱਤਰੇਤ

ਸ਼ਨਿੱਚਰਵਾਰ, ਮਿਤੀ 24 ਮਾਰਚ, 2018 ਨੂੰ ਹੋਣ ਵਾਲੀ ਪੰਜਾਬ ਵਿਧਾਨ ਸਭਾ ਦੀ ਬੈਠਕ ਵਿੱਚ ਪੁੱਛੇ ਜਾਣ ਵਾਲੇ ਨਿਸ਼ਾਨ ਵਾਲੇ ਪ੍ਰਸ਼ਨ।

## ਜ਼ੀਰਾ ਵਿਖੇ ਰੈਸਟ ਹਾਊਸ ਬਣਾਉਣਾ

*1190. ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ.:- ਕੀ ਜੰਗਲਾਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਵਿਧਾਨ ਸਭਾ ਹਲਕਾ ਜ਼ੀਰਾ ਵਿਖੇ ਵਿਭਾਗ ਦਾਂ ਕੋਈ ਰੈਸਟ ਹਾਊਸ ਬਣਾਉਣ ਦੀ ਤਜਵੀਜ਼ ਹੈ; ਜੇਕਰ ਅਜਿਹਾ ਹੋਵੇ ਤਾਂ ਇਹ ਕਦੋਂ ਤੱਕ ਉਸਾਰ ਦਿੱਤਾ ਜਾਵੇਗਾ?

## ਜ਼ਿਲ੍ਹਾ ਅੰਮ੍ਰਿਤਸਰ ਵਿੱਚ ਸਵੱਛ ਭਾਰਤ ਤਹਿਤ ਮਨਜ਼ੂਰ ਕੀਤੇ ਪਖਾਨਿਆ ਦੀ ਗਿਣਤੀ

*840. ਸਰਦਾਰ ਬਿਕਰਮ ਸਿੰਘ ਮਜੀਠੀਆ, ਐਮ.ਐਲ.ਏ. :- ਕੀ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਜ਼ਿਲ੍ਹਾ ਅੰਮ੍ਰਿਤਸਰ ਵਿੱਚ ਸਵੱਛ ਭਾਰਤ ਮਿਸ਼ਨ ਤਹਿਤ ਹੁਣ ਤੱਕ ਕਿੰਨੇ ਪਖਾਨੇ ਮੰਨਜ਼ੂਰ ਹੋ ਚੁੱਕੇ ਹਨ ਅਤੇ ਮੰਨਜ਼ੂਰ ਹੋਏ ਪਖਾਨਿਆਂ ਵਿਚੋਂ ਬਲਾਕ ਮਜੀਠਾ ਅਤੇ ਤਰਸਿੱਕਾ ਦੇ ਕਿੰਨੇ ਪਿੰਡਾਂ ਨੂੰ ਕਵਰ ਕੀਤਾ ਗਿਆ ਹੈ;

ਅ) ਮੰਨਜ਼ੂਰੀ ਦੀ ਮਿਤੀ ਅਤੇ ਹੁਣ ਤੱਕ ਮੁਕੰਮਲ ਹੋ ਚੁੱਕੇ ਪਖਾਨਿਆਂ ਦੀ ਗਿਣਤੀ ਕਿੰਨੀ ਹੈ?

## ਸਰਕਾਰੀ ਸਕੂਲਾਂ ਨੂੰ ਅਪਗ੍ਰੇਡ ਕਰਨਾ

*975. ਸ਼੍ਰੀ ਰਾਜ ਕੁਮਾਰ ਚੱਬੇਵਾਲ, ਐਮ.ਐਲ.ਏ.:- ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਸਰਕਾਰ ਦੀ ਅਗਲੇ ਵਿੱਤੀ ਸਾਲ ਵਿੱਚ ਸਰਕਾਰੀ ਸਕੂਲਾਂ ਨੂੰ ਅਪਗ੍ਰੇਡ ਕਰਨ ਦੀ ਤਜਵੀਜ਼ ਕੀ ਹੈ;

ਅ) ਕੀ ਸਰਕਾਰ ਨੇੜਲੇ ਭਵਿੱਖ ਵਿਚ ਚੱਬੇਵਾਲ ਵਿਧਾਨ ਸਭਾ ਹਲਕੇ ਵਿਚ ਪੈਂਦੇ ਪਿੰਡਾਂ ਖਨੌੜਾ ਜੱਟਪੁਰ ਅਤੇ ਹਰਤਾ ਵਿਚ ਸਰਕਾਰੀ ਸਕੂਲਾਂ ਨੂੰ ਅਪਗ੍ਰੇਡ ਕਰਨ ਤੇ ਵਿਚਾਰ ਕਰੇਗੀ; ਜੇਕਰ ਨਹੀਂ ਤਾਂ ਇਸਦੇ ਕਾਰਨ ਕੀ ਹਨ?

## ਬਾਘਾ ਪੁਰਾਣਾ ਵਿਖੇ ਬਾਈ-ਪਾਸ ਬਨਾਉਣਾ

*893. ਸਰਦਾਰ ਦਰਸ਼ਨ ਸਿੰਘ ਬਰਾੜ, ਐਮ.ਐਲ.ਏ. :- ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਬਾਘਾ ਪੁਰਾਣਾ ਵਿਖੇ ਆਵਾਜਾਈ ਨੂੰ ਘਟਾਉਣ ਲਈ ਉਥੇ ਬਾਈ-ਪਾਸ ਬਨਾਉਣ ਲਈ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਅਜਿਹਾ ਹੋਵੇ ਤਾਂ ਇਸਦੇ ਵੇਰਵੇ ਕੀ ਹਨ ਅਤੇ ਅਜਿਹਾ ਕਦੋਂ ਤੱਕ ਕੀਤੇ ਜਾਣ ਦੀ ਸੰਭਾਵਨਾ ਹੈ?

## ਚੋਣਾਂ ਵਿੱਚ ਕਾਲਜਾਂ ਦੇ ਵਿਦਿਆਰਥੀਆਂ ਦੀਆਂ ਡਿਊਟੀਆਂ ਲਗਾਉਣਾ

*879. ਸ਼੍ਰੀ ਮਦਨ ਲਾਲ ਜਲਾਲਪੁਰ, ਐਮ.ਐਲ.ਏ. :- ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਲੋਕ ਸਭਾ, ਵਿਧਾਨ ਸਭਾ, ਲੋਕਲ ਬਾਡੀਜ਼ ਚੋਣਾਂ ਵਿੱਚ ਕਾਲਜਾਂ ਦੇ ਵਿਦਿਆਰਥੀਆਂ ਨੂੰ ਇੱਕ ਜ਼ਿੰਮੇਵਾਰ ਨਾਗਰਿਕ ਹੋਣ ਦੇ ਨਾਤੇ ਵੱਖ-ਵੱਖ ਤਰ੍ਹਾਂ ਦੀਆਂ ਡਿਊਟੀਆਂ ਲਗਾਉਣ ਤੇ ਵਿਚਾਰ ਕਰੇਗੀ ਤਾਂ ਕਿ ਖਾਸ ਕਰਕੇ ਸਕੂਲ ਅਧਿਆਪਕਾਂ ਦਾ ਕੀਮਤੀ ਸਮਾਂ ਬਚਾਇਆ ਜਾ ਸਕੇ?

## ਪੰਜਾਬ ਵਿੱਚ ਡੇਂਗੂ ਦੇ ਕੇਸਾਂ ਦੀ ਗਿਣਤੀ

*810. ਸਰਦਾਰ ਨਾਜ਼ਰ ਸਿੰਘ ਮਾਨਸ਼ਾਹੀਆ, ਐਮ.ਐਲ.ਏ.:- ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਪੰਜਾਬ ਵਿਚ ਸਾਲ 2017 ਵਿਚ ਡੇਂਗੂ ਦੇ ਕੁੱਲ ਕਿੰਨੇ ਕੇਸ ਪਾਏ ਗਏ;

ਅ) ਮੱਛਰ ਮਾਰਨ ਸਪਰੇਅ ਕਰਨ ਵਾਸਤੇ ਪੰਜਾਬ ਵਿਚ ਕੁੱਲ ਕਿੰਨੀਆਂ ਫੋਗਿੰਗ ਮਸ਼ੀਨਾਂ ਹਨ;

ੲ) ਸਪਰੇਅ ਕਰਨ ਵਾਲੀ ਦਵਾਈ ਉਪਰ ਪੰਜਾਬ ਵਿਚ ਕੁੱਲ ਕਿੰਨਾਂ ਖਰਚ ਕੀਤਾ ਗਿਆ;

ਸ) ਮਾਨਸਾ ਸ਼ਹਿਰ ਵਿਚ ਡੇਂਗੂ ਰੋਕਣ ਲਈ ਫੋਗਿੰਗ ਉੱਪਰ ਕੁੱਲ ਕਿੰਨਾਂ ਖਰਚ ਕੀਤਾ ਗਿਆ?

## ਦਿੜਬਾ, ਸੰਗਰੂਰ ਵਿੱਚ ਸੀਵਰੇਜ਼ ਦਾ ਕੰਮ ਮੁਕੰਮਲ ਕਰਨਾ

*817. ਸਰਦਾਰ ਸੁਰਜੀਤ ਸਿੰਘ ਧੀਮਾਨ, ਐਮ.ਐਲ.ਏ.:- ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਦਿੜਬਾ (ਸੰਗਰੂਰ) ਵਿਚ ਸੀਵਰੇਜ਼ ਦਾ ਕੰਮ ਅਜੇ ਵੀ ਅਧੂਰਾ ਪਿਆ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਪ੍ਰਜੈਕਟ ਦੀ ਮੌਜੂਦਾ ਸਥਿਤੀ ਕੀ ਹੈ;

ਅ) ਉਪਰੋਕਤ ਅਧੂਰਾ ਪਿਆ ਕੰਮ ਕਿੰਨੇ ਸਮੇਂ ਦੇ ਅੰਦਰ-ਅੰਦਰ ਮੁਕੰਮਲ ਹੋ ਜਾਣ ਦੀ ਸੰਭਾਵਨਾ ਹੈ?

## ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣਾ

*937. ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਐਮ.ਐਲ.ਏ.:- ਕੀ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪਿੰਡ ਕਿਸ਼ਨਪੁਰਾ, ਬਲਾਕ ਭੂਨਰਹੇੜੀ, ਜ਼ਿਲ੍ਹਾ ਪਟਿਆਲਾ ਨੇ ਪਾਣੀ ਦੀ ਟੈਂਕੀ ਲਗਾਉਣ ਲਈ ਆਪਣਾ ਬਣਦਾ ਸ਼ੇਅਰ ਵਿਭਾਗ ਕੋਲ ਜਮ੍ਹਾ ਕਰਵਾਇਆ ਹੋਇਆ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਵਾਟਰ ਵਰਕਸ ਤੋਂ ਪਿੰਡ ਵਾਸੀਆਂ ਨੂੰ ਪੀਣ ਵਾਲਾ ਪਾਣੀ ਕਦੋਂ ਤੱਕ ਮੁਹੱਈਆ ਕਰਵਾ ਦਿੱਤਾ ਜਾਵੇਗਾ?

## ਸਰਕਾਰੀ ਕਾਲਜ ਰੂਪਨਗਰ ਵਿਚ ਅਧਿਆਪਕਾਂ ਦੀਆਂ ਖਾਲੀ ਅਸਾਮੀਆਂ ਭਰਨਾ

*983. ਸਰਦਾਰ ਅਮਰਜੀਤ ਸਿੰਘ ਸੰਦੋਆ, ਐਮ.ਐਲ.ਏ.:- ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਸਰਕਾਰੀ ਕਾਲਜ ਰੂਪਨਗਰ ਵਿਚ ਮੁੱਢਲੀਆਂ ਸਹੂਲਤਾਂ ਦੀ ਘਾਟ ਹੈ ਅਤੇ ਅਧਿਆਪਕਾਂ ਦੀਆਂ ਕਈ ਅਸਾਮੀਆਂ ਖਾਲੀ ਪਈਆਂ ਹਨ; ਜੇਕਰ ਅਜਿਹਾ ਹੈ ਤਾਂ ਖਾਲੀ ਪਈਆਂ ਅਸਾਮੀਆਂ ਦਾ ਵੇਰਵਾ ਕੀ ਹੈ ਅਤੇ ਇਹ ਕਦੋਂ ਤੱਕ ਭਰ ਲਈਆਂ ਜਾਣਗੀਆਂ?

## ਖਰੜ ਦੇ ਪਿੰਡ ਭਾਗਿੰਦੀ ਅਤੇ ਕਸੌਲੀ ਵਿਚ ਚੋਆਂ ਤੇ ਪੁੱਲਾਂ ਦੀ ਉਸਾਰੀ

*911. ਸਰਦਾਰ ਕੰਵਰ ਸੰਧੂ, ਐਮ.ਐਲ.ਏ. :- ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਐਸ.ਏ.ਐਸ. ਨਗਰ ਜ਼ਿਲ੍ਹੇ ਦੇ ਖਰੜ ਸਬ-ਡਵੀਜ਼ਨ ਵਿੱਚ ਪੈਂਦੇ ਪਿੰਡ ਭਾਗਿੰਦੀ ਅਤੇ ਕਸੌਲੀ ਮੌਨਸੂਨ ਦੌਰਾਨ ਬਾਕੀ ਦੇ ਪੰਜਾਬ ਤੋਂ ਕੱਟੇ ਜਾਂਦੇ ਹਨ ਕਿਉਂਕਿ ਪਿੰਡਾਂ ਦੇ ਆਲੇ ਦੁਆਲੇ ਦੇ ਇਲਾਕਿਆਂ ਦੇ ਚੋਆਂ ਤੇ ਕੋਈ ਪੁਲ ਨਹੀਂ ਹੈ; ਜੇਕਰ ਅਜਿਹਾ ਹੋਵੇ ਤਾਂ ਕੀ ਉਪਰੋਕਤ ਵਰਣਿਤ ਚੋਆਂ ਤੇ ਪੁੱਲਾਂ ਦੀ ਉਸਾਰੀ ਲਈ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਅਜਿਹਾ ਹੋਵੇ ਤਾਂ ਅਜਿਹਾ ਕਦੋਂ ਤੱਕ ਕਰ ਦਿੱਤਾ ਜਾਵੇਗਾ?

**ਬਨੂੜ ਬੈਰੀਅਰ ਨੂੰ ਸ਼ਿਫਟ ਕਰਨਾ**

*1072. **ਸਰਦਾਰ ਹਰਦਿਆਲ ਸਿੰਘ ਕੰਬੋਜ, ਐਮ.ਐਲ.ਏ.** :- ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਬਨੂੜ ਬੈਰੀਅਰ (ਪਟਿਆਲਾ-ਜੀਰਕਪੁਰ ਤੇ ਅੰਬਾਲਾ ਲਾਂਡਰਾਂ) ਰੋਡ ਤੇ ਚੌਂਕ ਵਿੱਚ ਬਹੁਤ ਵੱਡੇ-ਵੱਡੇ ਜਾਮ ਲੱਗ ਜਾਣ ਕਾਰਨ ਇਥੋਂ ਬੈਰੀਅਰ ਨੂੰ ਕਿਸੇ ਹੋਰ ਜਗ੍ਹਾ ਤੇ ਸ਼ਿਫਟ ਕਰਨ ਦਾ ਵਿਚਾਰ ਰੱਖਦੀ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਨੂੰ ਕਦੋਂ ਤੱਕ ਸ਼ਿਫਟ ਕਰ ਦਿੱਤਾ ਜਾਵੇਗਾ?

**ਹਲਕਾ ਬਲਾਚੌਰ ਦੇ ਹਸਪਤਾਲਾਂ/ਡਿਸਪੈਂਸਰੀਆਂ ਵਿਚ ਮਨਜੂਰਸ਼ੁਦਾ ਅਸਾਮੀਆਂ ਦੀ ਗਿਣਤੀ**

*1001. **ਸ਼੍ਰੀ ਦਰਸ਼ਨ ਲਾਲ, ਐਮ.ਐਲ.ਏ.**:- ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਬਲਾਚੌਰ ਵਿਧਾਨ ਸਭਾ ਚੋਣ ਹਲਕੇ ਵਿੱਚ ਪੈਂਦੇ ਹਸਪਤਾਲਾਂ ਅਤੇ ਡਿਸਪੈਂਸਰੀਆਂ ਵਿੱਚ ਮਨਜ਼ੂਰਸ਼ੁਦਾ ਅਸਾਮੀਆਂ ਦੀ ਸ਼੍ਰੇਣੀ-ਵਾਰ ਕੁੱਲ ਗਿਣਤੀ ਕਿੰਨੀ ਹੈ ਅਤੇ ਇਨ੍ਹਾਂ ਵਿਚੋਂ ਕਿੰਨੀਆਂ ਅਸਾਮੀਆਂ ਇਸ ਸਮੇਂ ਖਾਲ੍ਹੀ ਪਈਆਂ ਹਨ;

ਅ) ਇਨ੍ਹਾਂ ਅਸਾਮੀਆਂ ਨੂੰ ਭਰਨ ਲਈ ਸਰਕਾਰ ਦੁਆਰਾ ਚੁੱਕੇ ਗਏ/ਚੁੱਕੇ ਜਾਣ ਵਾਲੇ ਕਦਮ ਕੀ-ਕੀ ਹਨ ਅਤੇ ਅਜਿਹਾ ਕਦੋਂ ਤੱਕ ਕੀਤੇ ਜਾਣ ਦੀ ਸੰਭਾਵਨਾ ਹੈ?

**ਰਾਜ ਵਿਚ ਇਤਿਹਾਸਿਕ ਕਿਲ੍ਹਿਆਂ ਦੀ ਦੇਖਭਾਲ ਲਈ ਪਾਲਿਸੀ ਬਨਾਉਣਾ**

*1011. **ਸਰਦਾਰ ਹਰਮਿੰਦਰ ਸਿੰਘ ਗਿੱਲ, ਐਮ.ਐਲ.ਏ.**:- ਕੀ ਸੱਭਿਆਚਾਰਕ ਮਾਮਲੇ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਰਾਜ ਵਿਚ ਇਤਿਹਾਸਿਕ ਕਿਲ੍ਹਿਆਂ ਦੀ ਸੁਰੱਖਿਆ/ਸੰਭਾਲਣ ਅਤੇ ਦੇਖ-ਭਾਲ ਲਈ ਸਰਕਾਰ ਦੀ ਪਾਲਿਸੀ ਕੀ ਹੈ;

ਅ) ਸੈਲਾਨੀਆਂ ਚ ਰੁੱਚੀ ਪੈਦਾ ਕਰਨ ਲਈ ਪੱਟੀ ਵਿਖੇ ਇਤਿਹਾਸਿਕ ਮੁਗਲ ਕਿਲ੍ਹੇ ਦੀ ਸੰਭਾਲ ਅਤੇ ਦੇਖ-ਭਾਲ ਲਈ ਸਰਕਾਰ ਵਲੋਂ ਕੀ ਕਦਮ ਚੁੱਕੇ ਗਏ/ਚੁੱਕੇ ਜਾਣ ਦੀ ਸੰਭਾਵਨਾ ਹੈ?

**ਪਿੰਡਾਂ ਵਿੱਚ ਸਫਾਈ ਸੇਵਕ ਰੱਖਣਾ**

*940. **ਸ਼੍ਰੀ ਜੋਗਿੰਦਰ ਪਾਲ, ਐਮ.ਐਲ.ਏ.**- ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਪੰਜਾਬ ਸਰਕਾਰ ਪਹਿਲਾਂ ਦੀ ਤਰ੍ਹਾਂ ਪਿੰਡਾਂ ਵਿਚ ਸਫਾਈ ਸੇਵਕ ਰੱਖਣ ਦਾ ਵਿਚਾਰ ਰੱਖਦੀ ਹੈ; ਜੇਕਰ ਹਾਂ ਤਾਂ ਕਦੋਂ ਤੱਕ?

**ਮਿਊਂਸਪਲ ਕਾਰਪੋਰੇਸ਼ਨ ਮੋਹਾਲੀ ਵਿੱਚ ਹੋਰ ਪਿੰਡ ਸ਼ਾਮਿਲ ਕਰਨਾ**

*1083. **ਸਰਦਾਰ ਬਲਬੀਰ ਸਿੰਘ ਸਿੱਧੂ, ਐਮ.ਐਲ.ਏ.**:- ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਮਿਉਂਸਪਲ ਕਾਰਪੋਰੇਸ਼ਨ ਐਸ.ਏ.ਐਸ. ਨਗਰ (ਮੋਹਾਲੀ) ਵਿੱਚ ਹੋਰ ਪਿੰਡ ਸ਼ਾਮਿਲ ਕਰਨ ਦੀ ਤਜਵੀਜ਼ ਹੈ;

ਅ) ਜੇਕਰ ਹਾਂ ਤਾਂ ਕਿੰਨੇ ਅਤੇ ਕਿਹੜੇ-ਕਿਹੜੇ ਪਿੰਡ ਸ਼ਾਮਿਲ ਕੀਤੇ ਜਾ ਰਹੇ ਹਨ ਅਤੇ ਇਹ ਕਦੋਂ ਤੱਕ ਸੰਭਵ ਹੈ?

**ਹਲਕਾ ਲਹਿਰਾ ਵਿੱਚ ਪਾਤੜਾਂ ਤੋਂ ਮੂਨਕ ਸਟੇਟ ਹਾਈਵੇ ਸੜਕ ਦੀ ਮੁਰੰਮਤ**

*1176. **ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਐਮ.ਐਲ.ਏ**:- ਕੀ ਲੋਕ ਨਿਰਮਾਣ (ਭ ਅਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਹਲਕਾ ਲਹਿਰਾ ਵਿੱਚ ਪਾਤੜਾਂ ਤੋਂ ਮੂਨਕ ਸਟੇਟ ਹਾਈਵੇ ਸੜਕ ਦੀ ਮੁਰੰਮਤ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਸੜਕ ਦੀ ਮੁਰੰਮਤ ਕਦੋਂ ਤੱਕ ਕਰਵਾ ਦਿੱਤੀ ਜਾਵੇਗੀ?

**ਸਰਕਾਰੀ ਹਸਪਤਾਲ ਬਨੂੜ ਵਿਖੇ 24 ਘੰਟੇ ਐਮਰਜੈਂਸੀ ਸਰਵਿਸ ਮੁਹੱਈਆ ਕਰਵਾਉਣਾ**

*1065. **ਸਰਦਾਰ ਹਰਦਿਆਲ ਸਿੰਘ ਕੰਬੋਜ, ਐਮ.ਐਲ.ਏ.** :- ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸ਼ਹਿਰ ਬਨੂੜ, ਜ਼ਿਲ੍ਹਾ ਮੁਹਾਲੀ ਵਿਖੇ ਸਰਕਾਰੀ ਹਸਪਤਾਲ ਵਿੱਚ ਪਬਲਿਕ ਨੂੰ 24 ਘੰਟੇ ਐਮਰਜੈਂਸੀ ਸਰਵਿਸ ਮੁਹੱਈਆ ਕਰਵਾਈ ਜਾ ਰਹੀ ਹੈ; ਜੇਕਰ ਨਹੀਂ ਤਾਂ ਪਬਲਿਕ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਇਸ ਹਸਪਤਾਲ ਵਿੱਚ 24 ਘੰਟੇ ਐਮਰਜੈਂਸੀ ਸਰਵਿਸ ਕਦੋਂ ਤੱਕ ਮੁਹੱਈਆ ਕਰਵਾ ਦਿੱਤੀ ਜਾਵੇਗੀ?

**ਹਲਕਾ ਸ਼ਾਮ ਚੁਰਾਸੀ ਦੇ ਹਰਿਆਣਾ ਸ਼ਹਿਰ ਵਿਖੇ ਬੱਸ ਸਟੈਂਡ ਬਣਾਉਣਾ**

*1236. **ਸ਼੍ਰੀ ਪਵਨ ਕੁਮਾਰ ਆਦੀਆ, ਐਮ.ਐਲ.ਏ.**:- ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਵਿਧਾਨ ਸਭਾ ਹਲਕਾ ਸ਼ਾਮ ਚੁਰਾਸੀ ਦੇ ਹਰਿਆਣਾ ਸ਼ਹਿਰ ਵਿਖੇ ਨਵਾਂ ਬੱਸ ਸਟੈਂਡ ਬਣਾਉਣ ਲਈ ਵਿਚਾਰ ਕਰੇਗੀ; ਜੇਕਰ ਅਜਿਹਾ ਹੋਵੇ ਤਾਂ ਇਹ ਕਦੋਂ ਤੱਕ ਬਣਾਏ ਜਾਣ ਦੀ ਸੰਭਾਵਨਾ ਹੈ?

**ਜ਼ਿਲ੍ਹਾ ਪਠਾਨਕੋਟ ਦੇ ਪਿੰਡਾਂ ਨੂੰ ਪੀਣ ਵਾਲਾ ਪਾਣੀ ਸਪਲਾਈ ਕਰਨਾ**

*1058. **ਸ਼੍ਰੀ ਦਿਨੇਸ਼ ਸਿੰਘ, ਐਮ.ਐਲ.ਏ.**:- ਕੀ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਪਿੰਡ ਕੁਈ, ਪੰਜਾਲਾ, ਭਮਲਾਡਾ ਅਤੇ ਬਾਡ-ਸੁਡਾਲ, ਬਲਾਕ ਧਾਰਕਲਾਂ, ਜ਼ਿਲ੍ਹਾ ਪਠਾਨਕੋਟ ਦੇ ਪਿੰਡਾਂ ਨੂੰ ਪੀਣ ਵਾਲਾ ਪਾਣੀ ਪਿੱਛਲੇ ਕੁੱਝ ਸਮੇਂ ਤੋਂ ਸਪਲਾਈ ਕਿਉਂ ਨਹੀਂ ਕੀਤਾ ਜਾ ਰਿਹਾ ਹੈ;

ਅ) ਲੋਕ ਹਿੱਤਾਂ ਨੂੰ ਮੁੱਖ ਰੱਖ ਕੇ ਸਰਕਾਰ ਇਨ੍ਹਾਂ ਪਿੰਡਾਂ ਨੂੰ ਕਦੋਂ ਤੱਕ ਮਿਤੀ-ਬੱਧ ਕਰਕੇ ਜਲ ਸਪਲਾਈ ਚਾਲੂ ਕਰੇਗੀ ?

**ਕਮਿਊਨਟੀ ਹੈਲਥ ਸੈਂਟਰ ਨਿਹਾਲ ਸਿੰਘ ਵਾਲਾ ਨੂੰ 100 ਬਿਸਤਰਿਆਂ ਦਾ ਸਬ-ਡਵੀਜ਼ਨ ਹਸਪਤਾਲ ਬਨਾਉਣਾ**

*1107. **ਸਰਦਾਰ ਮਨਜੀਤ ਸਿੰਘ, ਐਮ.ਐਲ.ਏ.**:- ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਕਮਿਊਨਿਟੀ ਹੈਲਥ ਸੈਂਟਰ ਨਿਹਾਲ ਸਿੰਘ ਵਾਲਾ ਨੂੰ 100 ਬਿਸਤਰਿਆਂ ਦਾ ਸਬ-ਡਵੀਜਨਲ ਹਸਪਤਾਲ ਬਨਾਉਣ ਦੀ ਕੋਈ ਯੋਜਨਾ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

ਚੰਡੀਗੜ੍ਹ
ਮਿਤੀ 22 ਮਾਰਚ, 2018

Superintendent
Punjab Vidhan Sabha
Chandigarh

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ,
ਪੰਜਾਬ ਵਿਧਾਨ ਸਭਾ।